ਫ਼ਤਹਿਗੜ੍ਹ ਸਾਹਿਬ
ਅਜੀਤ, ਚੰਡੀਗੜ੍ਹ
ਅਜੀਤ
ਬੁੱਧਵਾਰ, 29 ਅਕਤੂਬਰ 2025

ਭਾਜਪਾ ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਸਮਾਗਮਾਂ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ। ਤਸਵੀਰ: ਕਰਨ

ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਵਸ ਨੂੰ ਸਮਰਪਿਤ 25 ਤੱਕ ਸਮਾਗਮ ਕਰਵਾਏ ਜਾਣਗੇ-ਭੱਟੀ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਬਲਜਿੰਦਰ ਸਿੰਘ)-ਭਾਜਪਾ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਪ੍ਰਧਾਨ ਦੀਦਾਰ ਸਿੰਘ ਭੱਟੀ ਨੇ ਦੱਸਿਆ ਕਿ ਪਾਰਟੀ ਵਲੋਂ ਸਰਦਾਰ ਵੱਲਭ ਭਾਈ ਪਟੇਲ ਦਾ 150ਵਾਂ ਜਨਮ ਦਿਨ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ। ਜਿਸ ਸੰਬੰਧੀ ਅੱਜ ਭੱਟੀ ਫਾਰਮ ਸਰਹਿੰਦ ਵਿਖੇ ਹੋਈ ਮੀਟਿੰਗ ਦੌਰਾਨ ਪ੍ਰੋਗ੍ਰਾਮ ਸੰਬੰਧੀ ਆਗੂਆਂ ਅਤੇ ਵਰਕਰਾਂ ਦੁਆਰਾ ਚਰਚਾ ਕੀਤੀ ਗਈ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਭੱਟੀ ਨੇ ਦੱਸਿਆ ਕਿ ਸਰਦਾਰ ਪਟੇਲ ਨੂੰ ਲੋਹ ਪੁਰਸ਼ ਕਿਹਾ ਜਾਂਦਾ ਹੈ, ਕਿਉਂਕਿ ਭਾਰਤ ਨੂੰ ਅਖੰਡ ਭਾਰਤ ਬਣਾਉਣ ਲਈ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਹੈ ਅਤੇ ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲਦੇ ਵਿਕਸਿਤ ਭਾਰਤ 2047 ਦੇ ਸੰਕਲਪ ਦੇ ਰੂਪ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਗੇ ਵਧਾ ਰਹੇ ਹਨ। ਉਨ੍ਹਾਂ ਕਿਹਾ ਸਰਦਾਰ ਪਟੇਲ ਦੀ ਯਾਦ ਵਿਚ 31 ਅਕਤੂਬਰ ਤੋਂ ਲੈ ਕੇ 25 ਨਵੰਬਰ ਤੱਕ ਜ਼ਿਲ੍ਹਾ ਪੱਧਰੀ ਪਦ ਯਾਤਰਾ ਦੇ ਨਾਲ-ਨਾਲ ਯੋਗ ਅਤੇ ਸਿਹਤ ਕੈਂਪ, ਵਿਖਿਆਨ ਵਾਦ ਵਿਵਾਦ ਮੁਕਾਬਲੇ ਤੋਂ ਇਲਾਵਾ ਨਸ਼ਾ ਮੁਕਤ ਭਾਰਤ ਦੇ ਸੰਕਲਪ ਸੰਬੰਧੀ ਪ੍ਰੋਗਰਾਮ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਪ੍ਰੋਗਰਾਮ ਹੀ ਨਹੀਂ, ਸਗੋਂ ਜਨ ਜਾਗਰਣ ਦਾ ਮਹਾਂ ਯੱਗ ਹੋਵੇਗਾ ਕਿ ਕਿਵੇਂ ਸਰਦਾਰ ਪਟੇਲ ਨੇ ਰਿਆਸਤਾਂ ਨੂੰ ਜੋੜ ਕੇ ਇਕ ਭਾਰਤ ਬਣਾਇਆ ਸੀ ਉਵੇਂ ਹੀ ਇਹ ਪਦ ਯਾਤਰਾਵਾਂ ਇਲਾਕੇ ਦੇ ਲੋਕਾਂ ਦੇ ਦਿਲਾਂ ਨੂੰ ਜੋੜਨ ਦੇ ਕੰਮ ਕਰਨਗੀਆਂ। ਇਸ ਮੀਟਿੰਗ ਵਿਚ ਸੀਨੀਅਰ ਭਾਜਪਾ ਆਗੂ ਗੇਜਾ ਰਾਮ ਵਾਲਮੀਕੀ, ਦੇਵੀ ਦਿਆਲ ਪਰਾਸ਼ਰ, ਮੰਡਲ ਪ੍ਰਧਾਨ ਦਵਿੰਦਰ ਭੱਟ, ਵਾਈਸ ਪ੍ਰਧਾਨ ਗੁਰਮੁਖ ਸਿੰਘ, ਜ਼ਿਲ੍ਹਾ ਜਨਰਲ ਸੈਕਟਰੀ ਹਰੀਸ਼ ਅਗਰਵਾਲ, ਵਿਜੇ ਪਾਠਕ, ਬਲਵੀਰ ਸਿੰਘ ਧਾਰਨੀ, ਮੋਹਨ ਸਿੰਘ ਚੁੰਨੀ, ਪੰਡਿਤ ਸੁਭਾਸ਼ ਮੂਲੇਪੁਰ, ਗੁਰਬਖਸ਼ ਸਿੰਘ ਬਖਸ਼ੀ, ਦਵਿੰਦਰ ਸਿੰਘ ਵੈਦਵਾਨ, ਧਰਮਿੰਦਰ ਬਾਂਡਾ, ਸੁਰਿੰਦਰ ਕੌਰ, ਮਨਪ੍ਰੀਤ ਕੌਰ, ਅੰਕਿਤ ਬਸੀ ਪਠਾਣਾਂ, ਸੰਦੀਪ ਕੁਮਾਰ ਦੀਪੂ ਵੀ ਸ਼ਾਮਿਲ ਸਨ।

ਯੂਥ ਨੂੰ ਤੰਬਾਕੂ ਮੁਕਤ ਕਰਨ ਲਈ ਸਿਹਤ ਵਿਭਾਗ ਨੇ ਲਿਆ ਪ੍ਰਣ-ਸਿਵਲ ਸਰਜਨ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਵਿਭਾਗ ਫ਼ਤਹਿਗੜ੍ਹ ਸਾਹਿਬ ਵਲੋਂ ਸਿਵਲ ਸਰਜਨ ਡਾ. ਅਰਵਿੰਦ ਪਾਲ ਸਿੰਘ ਦੀ ਅਗਵਾਈ ਹੇਠ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਪੜ੍ਹਦੇ ਵਿਦਿਆਰਥੀਆਂ ਅਤੇ ਹੋਰ ਨੌਜਵਾਨਾਂ ਨੂੰ ਤੰਬਾਕੂ ਮੁਕਤ ਕਰਨ ਦਾ ਪ੍ਰਣ ਲਿਆ ਗਿਆ। ਸਿਵਲ ਸਰਜਨ ਨੇ ਸਰਕਾਰ ਵਲੋਂ 9 ਅਕਤੂਬਰ ਤੋਂ ਅਗਲੇ 60 ਦਿਨਾਂ ਲਈ ਚਲਾਈ ਜਾ ਰਹੀ ਇਸ 'ਤੰਬਾਕੂ ਮੁਕਤ ਯੂਥ ਮੁਹਿੰਮ' ਤਹਿਤ ਅਧਿਕਾਰੀਆਂ, ਕਰਮਚਾਰੀਆਂ ਨੂੰ ਨੌਜਵਾਨਾਂ ਦੀ ਤੰਬਾਕੂ ਮੁਕਤ ਜੀਵਨ ਸ਼ੈਲੀ ਪ੍ਰਤੀ ਤਾਕਤ ਅਤੇ ਵਚਨਬੱਧਤਾ ਲਈ ਸਹੁੰ ਚੁਕਾਈ ਗਈ। ਇਸ ਮੌਕੇ ਨੌਜਵਾਨ ਪੀੜ੍ਹੀ ਨੂੰ ਤੰਬਾਕੂ ਦੀ ਸ਼ੁਰੂਆਤ ਅਤੇ ਇਸ ਦੇ ਸੰਪਰਕ ਤੋਂ ਬਚਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਸਿਵਲ ਸਰਜਨ ਨੇ ਕਿਹਾ ਕਿ ਸਾਡੇ ਸਮਾਜ ਅੰਦਰ ਤੰਬਾਕੂ ਦੀ ਵਰਤੋਂ ਅਜੇ ਵੀ ਇਕ ਵੱਡੀ ਜਨਤਕ ਸਿਹਤ ਚੁਨੌਤੀ ਬਣੀ ਹੋਈ ਹੈ। ਜਿਸ ਕਾਰਨ ਭਾਰਤ ਵਿਚ ਹਰ ਸਾਲ 13 ਲੱਖ ਤੋਂ ਵੱਧ ਜਾਨਾਂ ਜਾਂਦੀਆਂ ਹਨ ਅਤੇ ਛੋਟੀ ਉਮਰ ਦੇ ਵਿਦਿਆਰਥੀ ਇਸ ਵੇਲੇ ਤੰਬਾਕੂ ਉਤਪਾਦਾਂ ਦੀ ਵਰਤੋਂ ਕਰ ਰਹੇ ਹਨ, ਜਿਨ੍ਹਾਂ ਦੀ ਔਸਤ ਸ਼ੁਰੂਆਤ ਦੀ ਉਮਰ ਸਿਰਫ਼ 10 ਸਾਲ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਵਿੱਢੀ ਗਈ ਇਸ ਤੰਬਾਕੂ ਵਿਰੋਧੀ ਮੁਹਿੰਮ ਤਹਿਤ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਅਤੇ ਹੋਰ ਵਿੱਦਿਅਕ ਅਦਾਰਿਆਂ ਨੂੰ ਤੰਬਾਕੂ ਮੁਕਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਦੀ ਵਿੱਕਰੀ ਕਰਨ ਵਾਲੇ ਦੁਕਾਨਦਾਰਾਂ, ਜਨਤਕ ਥਾਵਾਂ 'ਤੇ ਤੰਬਾਕੂਨੋਸ਼ੀ ਕਰਨ ਵਾਲੇ ਵਿਅਕਤੀਆਂ, ਸਿੱਖਿਆ ਸੰਸਥਾਵਾਂ ਦੇ 100 ਗਜ ਦੇ ਘੇਰੇ ਅੰਦਰ ਤੰਬਾਕੂ ਵੇਚਣ ਵਾਲੇ ਦੁਕਾਨਦਾਰਾਂ ਅਤੇ ਕੋਟਪਾ ਐਕਟ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਨੌਜਵਾਨਾਂ ਨੂੰ ਸਿਹਤਮੰਦ ਅਤੇ ਨਸ਼ਾ-ਮੁਕਤ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰ ਰਿਹਾ ਹੈ ਤਾਂ ਜੋ ਉਹ ਵਿਕਸਿਤ ਭਾਰਤ ਦੇ ਨਿਰਮਾਣ ਵਿਚ ਆਪਣਾ ਯੋਗਦਾਨ ਪਾ ਸਕਣ। ਉਨ੍ਹਾਂ ਜ਼ਿਲ੍ਹੇ ਦੇ ਆਮ ਲੋਕਾਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਦੀ ਅਪੀਲ ਵੀ ਕੀਤੀ। ਇਸ ਮੌਕੇ 'ਤੇ ਏ.ਸੀ.ਐਸ. ਡਾ. ਕੰਵਲਦੀਪ ਸਿੰਘ, ਡੀ.ਆਈ.ਓ. ਡਾ. ਰਾਜੇਸ਼ ਕੁਮਾਰ, ਡੀ.ਐਚ.ਓ. ਡਾ. ਅਮਨਦੀਪ ਸਿੰਘ, ਬਲਜਿੰਦਰ ਸਿੰਘ, ਜਸਵਿੰਦਰ ਕੌਰ ਅਮਨਦੀਪ ਸਿੰਘ, ਸੁਪਰਡੈਂਟ ਤਰਲੋਚਨ ਸਿੰਘ, ਅਲੋਕ ਗੁਪਤਾ, ਬਲਜੀਤ ਕੌਰ, ਰੇਖਾ ਰਾਣੀ ਅਤੇ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ।

ਸਿਵਲ ਸਰਜਨ ਡਾ. ਅਰਵਿੰਦ ਪਾਲ ਸਿੰਘ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਹੁੰ ਚੁਕਾਉਂਦੇ ਹੋਏ। ਅਜੀਤ ਤਸਵੀਰ

ਮੋਦੀ ਕਾਲਜ ਵਿਖੇ ਕਰਵਾਏ ਪ੍ਰੋਗਰਾਮ ਦਾ ਦ੍ਰਿਸ਼। ਅਜੀਤ ਤਸਵੀਰ

ਮੋਦੀ ਕਾਲਜ ਵਲੋਂ ਅੰਤਰ-ਸੰਸਥਾਗਤ ਵਿਗਿਆਨ ਮੇਲਾ ਕਰਵਾਇਆ

ਪਟਿਆਲਾ: 28 ਅਕਤੂਬਰ (ਗੁਰਵਿੰਦਰ ਸਿੰਘ ਔਲਖ)-ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਵਲੋਂ ਅੱਜ ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਦੀ ਅਗਵਾਈ ਹੇਠ 'ਵਿਕਿਸਤ ਅਤੇ ਆਤਮ-ਨਿਰਭਰ ਭਾਰਤ ਲਈ ਸਾਇੰਸ, ਤਕਨਾਲੋਜੀ, ਇੰਜਨੀਅਰਿੰਗ ਅਤੇ ਹਿਸਾਬ' ਦੀ ਮਹਤੱਤਾ ਤੇ ਅਧਾਰਿਤ ਇਕ ਦਿਨਾ ਅੰਤਰ-ਸੰਸਥਾਗਤ ਵਿਗਿਆਨਕ ਮੇਲਾ-2025 ਕਰਵਾਇਆ ਗਿਆ। ਇਸ ਸਾਲ 26 ਸਕੂਲਾਂ 7 ਕਾਲਜਾਂ ਅਤੇ ਹੋਰ ਵਿਦਿਅਕ ਸੰਸਥਾਵਾਂ ਦੇ 400 ਵਿਦਿਆਰਥੀਆਂ ਨੇ ਇਸ ਵਿਗਿਆਨਕ ਮੇਲੇ ਵਿਚ ਹਿੱਸਾ ਲਿਆ ਅਤੇ 'ਵਾਤਾਵਰਣ ਚੁਣੌਤੀਆਂ ਅਤੇ ਉਨ੍ਹਾਂ ਦੇ ਖਾਤਮੇ', 'ਵਿਗਿਆਨ ਅਤੇ ਤਕਨਾਲੋਜੀ ਵਿਚ ਉੱਭਰ ਰਹੇ ਰੁਝਾਨ', 'ਬਾਇਓਟੈਕਨਾਲੋਜੀ ਅਤੇ ਮਨੁੱਖੀ ਭਲਾਈ', 'ਟਿਕਾਊ ਖੇਤੀਬਾੜੀ', 'ਪੁਲਾੜ ਵਿਗਿਆਨ', 'ਮਨੁੱਖੀ ਜੀਵਨ ਵਿੱਚ ਗਣਿਤ', 'ਇੱਕ ਬਿਹਤਰ ਦੁਨੀਆ ਲਈ ਰਸਾਇਣ ਵਿਗਿਆਨ', 'ਸਿਹਤ ਅਤੇ ਸਫਾਈ' ਅਤੇ 'ਕੰਪਿਊਟਰ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ' ਵਿਸ਼ਿਆਂ 'ਤੇ ਆਪਣੇ ਮਾਡਲ ਅਤੇ ਪੋਸਟਰ ਪੇਸ਼ ਕੀਤੇ। ਇਸ ਵਿਗਿਆਨਕ ਮੇਲੇ ਵਿੱਚ ਮੋਦੀ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਪ੍ਰੋ. ਸੁਰਿੰਦਰਾ ਲਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਡਾ. ਅਸ਼ੋਕ ਕੁਮਾਰ ਮਲਿਕ, ਕੈਮਿਸਟਰੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ. ਸਨੂਪ ਠਾਕੁਰ, ਭੌਤਿਕ ਵਿਗਿਆਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ. ਰਾਕੇਸ਼ ਕੁਮਾਰ, ਗਣਿਤ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਡਾ. ਰੰਜੀਤਾ ਭਾਰੀ, ਬਾਇਓਟੈਕਨਾਲੋਜੀ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ , ਡਾ. ਨਿਪੁੰਜੋਤ ਕੌਰ, ਬਾਇਓਟੈਕਨਾਲੋਜੀ ਵਿਭਾਗ, ਖਾਲਸਾ ਕਾਲਜ, ਪਟਿਆਲਾ, ਡਾ. ਨਿਧੀ ਬਾਂਸਲ, ਜ਼ੂਆਲੋਜੀ ਵਿਭਾਗ, ਪਬਲਿਕ ਕਾਲਜ, ਸਮਾਣਾ, ਡਾ. ਇੰਦਰਪ੍ਰੀਤ ਸਿੰਘ, ਪਬਲਿਕ ਕਾਲਜ, ਸਮਾਣਾ, ਡਾ. ਰਜਿੰਦਰ ਕੌਰ, ਅਤੇ ਡਾ. ਸ਼ਿਵਾਨੀ, ਭੌਤਿਕ ਵਿਗਿਆਨ ਵਿਭਾਗ, ਜੀ.ਸੀ.ਜੀ., ਪਟਿਆਲਾ ਨੇ ਵੱਖ-ਵੱਖ ਮਾਡਲ ਅਤੇ ਪੋਸਟਰ ਪੇਸ਼ਕਾਰੀ ਮੁਕਾਬਲਿਆਂ ਲਈ ਜੱਜਾਂ ਦੀ ਭੂਮਿਕਾ ਅਦਾ ਕੀਤੀ। ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਵਿਗਿਆਨਕ ਮੇਲੇ ਦਾ ਉਦਘਾਟਨ ਕਰਦੇ ਹੋਏ ਕਿਹਾ, 'ਵਿਗਿਆਨ ਅਤੇ ਤਕਨਾਲੋਜੀ ਕਿਸੇ ਵੀ ਦੇਸ਼ ਦੇ ਵਿਕਾਸ ਅਤੇ ਤਰੱਕੀ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਵਿਗਿਆਨ ਮੇਲਾ ਸਾਡੇ ਵਿਦਿਆਰਥੀਆਂ ਲਈ ਆਪਣੀ ਵਿਗਿਆਨਕ ਸੂਝ, ਰਚਨਾਤਮਕਤਾ ਅਤੇ ਨਵੇਂ ਵਿਗਿਆਨਕ ਵਿਚਾਰਾਂ ਦਾ ਪ੍ਰਦਰਸ਼ਨ ਕਰਨ ਲਈ ਇੱਕ ਸ਼ਾਨਦਾਰ ਪਲੇਟਫਾਰਮ ਹੈ, ਇਸ ਮੌਕੇ ਵੱਡੀ ਗਿਣਤੀ ਵਿਦਿਅਰਥੀ ਹਾਜਰ ਸਨ।

ਚੇਅਰਮੈਨ ਜੱਸੀ ਸੋਹੀਆਂ ਵਾਲਾ ਨੂੰ ਦਿੱਤਾ ਸ੍ਰੀ ਸ਼ਿਆਮ ਮਹੋਤਸਵ ਦਾ ਸੱਦਾ ਪੱਤਰ

ਨਾਭਾ, 28 ਅਕਤੂਬਰ (ਜਗਨਾਰ ਸਿੰਘ ਦੁਲੱਦੀ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਸ਼ਿਆਮ ਪਰਿਵਾਰ ਸੰਘ ਵਲੋਂ ਸ੍ਰੀ ਸ਼ਿਆਮ ਜਨਮ ਉਤਸਵ ਦੇ ਮੌਕੇ 'ਤੇ 1 ਨਵੰਬਰ ਨੂੰ ਸ੍ਰੀ ਹਨੂਮਾਨ ਮੰਦਿਰ, ਬਠਿੰਡੀਆ ਮੁਹੱਲਾ ਵਿਖੇ ਸ਼ਾਮ 7 ਵਜੇ ਤੋਂ ਭਗਵਾਨ ਦੀ ਇੱਛਾ ਤੱਕ ਪੰਜਵਾਂ ਸ੍ਰੀ ਸ਼ਿਆਮ ਵੰਦਨਾ ਮਹੋਤਸਵ ਅਤੇ ਅੰਮ੍ਰਿਤਮਯ ਭੰਡਾਰਾ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸੰਬੰਧ ਵਿਚ ਸ਼ਿਆਮ ਪਰਿਵਾਰ ਦੀ ਟੀਮ ਵਲੋਂ ਤਿਉਹਾਰ ਦੇ ਵਿਸ਼ੇਸ਼ ਮਹਿਮਾਨ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੂੰ ਸੱਦਾ ਪੱਤਰ ਸੌਂਪਿਆ ਗਿਆ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਸ਼ਿਆਮ ਪਰਿਵਾਰ ਵਲੋਂ ਸਮੇਂ-ਸਮੇਂ 'ਤੇ ਆਯੋਜਿਤ ਪ੍ਰੋਗਰਾਮਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸੰਸਥਾ ਵਲੋਂ ਧਾਰਮਿਕ ਅਤੇ ਸਮਾਜਿਕ ਕਾਰਜਾਂ ਲਈ ਹਮੇਸ਼ਾ ਆਪਣਾ ਬਣਦਾ ਯੋਗਦਾਨ ਪਾਇਆ ਜਾਂਦਾ ਹੈ। ਪ੍ਰਧਾਨ ਸੁਮਿਤ ਗੋਇਲ ਸ਼ੈਟੀ ਨੇ ਕਿਹਾ ਕਿ ਇਸ ਉਤਸਵ ਵਿਚ ਬਾਬਾ ਸ਼ਿਆਮ ਦਾ ਇਕ ਸੁੰਦਰ ਦਰਬਾਰ ਸਜਾਇਆ ਜਾਵੇਗਾ ਅਤੇ ਛਿਪੰਜਾ ਭੇਟਾਂ ਦਿੱਤੀਆਂ ਜਾਣਗੀਆਂ। ਇਸ ਮੌਕੇ ਪ੍ਰਧਾਨ ਸੁਮਿਤ ਗੋਇਲ ਸ਼ੈਟੀ, ਗੌਰਵ ਜਿੰਦਲ, ਮਯੰਕ ਗੁਪਤਾ, ਸਾਜਨ ਕੁਮਾਰ ਅਤੇ ਜਤਿਨ ਜਿੰਦਲ ਆਦਿ ਮੌਜੂਦ ਸਨ।

ਵਿਧਾਇਕ ਰਾਏ ਨੇ ਪਿੰਡ ਸਾਨੀਪੁਰ ਵਿਖੇ ਆਂਗਣਵਾੜੀ ਸੈਂਟਰ ਦਾ ਕੀਤਾ ਉਦਘਾਟਨ

ਪੰਜਾਬ ਸਰਕਾਰ ਹਰ ਪਿੰਡ ਨੂੰ ਬਣਾ ਕੇ ਦੇਵੇਗੀ ਸ਼ਾਨਦਾਰ ਆਂਗਣਵਾੜੀ ਸੈਂਟਰ-ਵਿਧਾਇਕ ਰਾਏ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਹਲਕਾ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਵਲੋਂ ਪਿੰਡ ਸਾਨੀਪੁਰ ਵਿਖੇ ਨਵੇਂ ਬਣੇ ਆਂਗਣਵਾੜੀ ਸੈਂਟਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਰਾਏ ਨੇ ਕਿਹਾ ਕਿ ਪਿਛਲੇ ਸਮਿਆਂ ਦੇ ਵਿਚ ਸਕੂਲ ਦਾ ਖਸਤਾ ਹਾਲਤ ਕਮਰਾ ਆਂਗਣਵਾੜੀ ਕੇਂਦਰ ਨੂੰ ਦੇ ਦਿੱਤਾ ਜਾਂਦਾ ਸੀ, ਪਰੰਤੂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਬੱਚਿਆਂ ਦੇ ਲਈ ਨਵੇਂ ਆਂਗਣਵਾੜੀ ਸੈਂਟਰ ਉਸਾਰ ਰਹੀ ਹੈ, ਤੇ ਇਸੇ ਲੜੀ ਦੇ ਤਹਿਤ ਪਿੰਡਾਂ ਵਿਚ ਨਵੇਂ ਆਂਗਣਵਾੜੀ ਕੇਂਦਰ ਬਣ ਰਹੇ ਹਨ। ਅੱਜ ਪਿੰਡ ਸਾਨੀਪੁਰ ਵਿਖੇ ਨਵੇਂ ਆਂਗਣਵਾੜੀ ਕੇਂਦਰ ਦਾ ਉਦਘਾਟਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਛੋਟੇ ਬੱਚੇ ਆਪਣੀ ਪੜ੍ਹਾਈ ਦੀ ਸ਼ੁਰੂਆਤ ਆਂਗਣਵਾੜੀ ਸੈਂਟਰ ਤੋਂ ਹੀ ਕਰਦੇ ਹਨ, ਇਸ ਲਈ ਉਨ੍ਹਾਂ ਨੂੰ ਚੰਗਾ ਮਾਹੌਲ ਮੁਹੱਈਆ ਕਰਵਾਉਣਾ ਸਾਡਾ ਫ਼ਰਜ਼ ਬਣਦਾ ਹੈ। ਇਸ ਮੌਕੇ ਸਰਪੰਚ ਇੰਦਰਦੀਪ ਸਿੰਘ ਰੰਧਾਵਾ ਨੇ ਹਲਕਾ ਵਿਧਾਇਕ ਲਖਵੀਰ ਸਿੰਘ ਰਾਏ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਬਦੌਲਤ ਉਨ੍ਹਾਂ ਨੂੰ ਇਕ ਚੰਗਾ ਆਂਗਣਵਾੜੀ ਸੈਂਟਰ ਮਿਲਿਆ ਹੈ ਅਤੇ ਜਲਦ ਹੀ ਇਕ ਵਧੀਆ ਖੇਡ ਮੈਦਾਨ ਵੀ ਲੋਕਾਂ ਦੀ ਸੇਵਾ ਦੇ ਵਿਚ ਅਰਪਿਤ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀ.ਡੀ.ਪੀ.ਓ. ਸਰਹਿੰਦ ਦੀਪ ਸ਼ੀਖਾ ਗਰਗ, ਸਰਪੰਚ ਇੰਦਰਦੀਪ ਸਿੰਘ ਰੰਧਾਵਾ, ਸਰਪੰਚ ਪਰਵਿੰਦਰ ਸਿੰਘ, ਸਰਪੰਚ ਗੁਰਜੰਟ ਸਿੰਘ, ਸਰਪੰਚ ਮਲਕੀਤ ਸਿੰਘ, ਸਰਪੰਚ ਸਤਪਾਲ ਸਿੰਘ, ਸਰਪੰਚ ਹਰਪਾਲ ਸਿੰਘ, ਸਰਪੰਚ ਬਲਜਿੰਦਰ ਸਿੰਘ, ਕਰਮਜੀਤ ਸਿੰਘ ਜੋਗੀ, ਸਰਪੰਚ ਨਿਰਮਲ ਸਿੰਘ, ਜਰਨੈਲ ਸਿੰਘ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਕੌਰ, ਮਨਪ੍ਰੀਤ ਕੌਰ, ਬਸ਼ੀਰ ਖਾਂ, ਰਜਿੰਦਰ ਕੌਰ ਤੇ ਗੁਰਵਿੰਦਰ ਸਿੰਘ (ਸਾਰੇ ਪੰਚ), ਮਨਪ੍ਰੀਤ ਸਿੰਘ ਰੰਧਾਵਾ, ਜੋਧਾ ਸਿੰਘ ਰੰਧਾਵਾ, ਸੁਖਵੀਰ ਸਿੰਘ ਭੁੱਚਾ, ਗੁਰਵਿੰਦਰ ਸਿੰਘ ਤੂਰ, ਮੇਹਰ ਸਿੰਘ, ਸ਼ੀਤਲ ਸਿੰਘ, ਜਰਨੈਲ ਖਾਲਸਾ, ਜਸਪਾਲ ਸਿੰਘ, ਕੁਲਜੀਤ ਸਿੰਘ, ਹਰਮੀਤ ਸਿੰਘ, ਗੁਰਪ੍ਰੀਤ ਸਿੰਘ, ਸੰਤ ਰਾਮ, ਦਲਵੀਰ ਸਿੰਘ, ਦਿਲਵਰ ਬੁੱਲਾ, ਜਗਦੀਸ਼ ਸਿੰਘ, ਭਾਗਾ ਸਿੰਘ, ਸੁਖਵਿੰਦਰ ਚਹਿਲ, ਨਿਰਮਲ ਚਹਿਲ, ਭੁਪਿੰਦਰ ਸਿੰਘ, ਬਲਦੇਵ ਸਿੰਘ ਚਹਿਲ, ਸੁਖਵਿੰਦਰ ਸਿੰਘ, ਮਨਿੰਦਰ ਸਿੰਘ ਤੇ ਗੁਰਸੇਵਕ ਸਿੰਘ ਨੰਬਰਦਾਰ ਤੋਂ ਇਲਾਵਾ ਪਤਵੰਤੇ ਵੀ ਹਾਜ਼ਰ ਸਨ।

ਹਲਕਾ ਵਿਧਾਇਕ ਲਖਵੀਰ ਸਿੰਘ ਰਾਏ ਪਤਵੰਤਿਆਂ ਸਮੇਤ ਸਾਨੀਪੁਰ ਵਿਖੇ ਨਵੇ